# ਡਿਪਟੀ ਕਮਿਸ਼ਨਰ ਵੱਲੋਂ ਡਿਜੀਧਨ ਯਾਤਰਾ ਦੇ ਤਹਿਤ ਜਾਗਰੂਕਤਾ ਪ੍ਰਚਾਰ ਵੈਨ ਨੂੰ ਹਰੀ ਝੰਡੀ ਦੇ ਕੇ ਕੀਤਾ ਗਿਆ ਰਵਾਨਾ

ਤਰਨਤਾਰਨ, 4 ਦਸੰਬਰ :

ਐਚ.ਡੀ.ਐਫ.ਸੀ. ਬੈਂਕ ਵੱਲੋਂ ਸ਼ੁਰੂ ਕੀਤੀ ਗਈ ਡਿਜੀਧਨ ਯਾਤਰਾ ਦੇ ਤਹਿਤ ਇੱਕ ਜਾਗਰੂਕਤਾ ਪ੍ਰਚਾਰ ਵੈਨ ਨੂੰ ਅੱਜ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤਰਨਤਾਰਨ ਤੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਵਧੀਕ ਡਿਪਟੀ  ਕਮਿਸ਼ਨਰ (ਜਨਰਲ) ਸ੍ਰੀ ਸੰਦੀਪ ਰਿਸ਼ੀ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਪ੍ਰੋ. ਰਾਕੇਸ਼ ਕੁਮਾਰ, ਜਨਰਲ ਸਹਾਇਕ ਸ੍ਰੀ ਹਰਚਰਨ ਸਿੰਘ ਤੋਂ ਇਲਾਵਾ ਐਚ.ਡੀ.ਐਫ.ਸੀ. ਬੈਂਕ ਦੇ ਬ੍ਰਾਂਚ ਮੈਨੇਜਰ ਸ੍ਰੀ ਗੁਰਦਰਸ਼ਨ ਸਿੰਘ ਵੀ ਮੌਜੂਦ ਸਨ।



ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਪ੍ਰਚਾਰ ਵੈਨ ਜ਼ਿਲ੍ਹਾ ਤਰਨਤਾਰਨ ਦੇ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਲੋਕਾਂ ਨੂੰ ਬੈਂਕ ਦੀਆਂ ਵੱਖ-ਵੱਖ ਸਕੀਮਾਂ ਤੋਂ ਜਾਣੂ ਕਰਵਾਉਣ ਦੇ ਨਾਲ-ਨਾਲ ਲੋਕਾਂ ਨੂੰ ਡਿਜੀਟਲ ਇੰਡੀਆ ਸਬੰਧੀ ਜਾਣਕਾਰੀ ਦੇਵੇਗੀ। ਉਨ੍ਹਾਂ ਦੱਸਿਆ ਕਿ ਪ੍ਰਚਾਰ ਵੈਨ ਦਾ ਅਮਲਾ ਲੋਕਾਂ ਨੂੰ ਬੈਂਕ ਖਾਤੇ ਖੁਲਵਾਉਣ ਦੇ ਢੰਗ, ਡਿਜੀਟਲ ਲੈਣ-ਦੇਣ ਅਤੇ ਬੱਚਤ ਖਾਤਿਆਂ ਉੱਤੇ ਲੱਗਣ ਵਾਲੇ ਵਿਆਜ਼ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦੇਵੇਗਾ। ਉਨ੍ਹਾਂ ਦੱਸਿਆ ਕਿ ਇਹ ਪ੍ਰਚਾਰ ਵੈਨ 15 ਦਿਨਾਂ ਤੱਕ ਵੱਖ-ਵੱਖ ਪਿੰਡਾਂ ’ਚ ਯਾਤਰਾ ਕਰੇਗੀ।

----------------------